ਪਿੰਡ ਨੰਗਲ ਖੇੜਾ ਵਿਖੇ ਕਰਵਾਏ ਗਏ ਗੁਰਮਤਿ ਸਮਾਗਮ ਦੌਰਾਨ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਸੰਗਤਾਂ ਨਾਲ ਆਪਣੇ ਪ੍ਰਵਚਨਾਂ ਦੀ ਸਾਂਝ ਪਾਉਂਦੇ ਹੋਏ। (ਸੱਜੇ) ਸੰਤ ਪ੍ਰੀਤਮ ਸਿੰਘ, ਸੰਤ ਪਰਮੇਸ਼ਰ ਸਿੰਘ, ਜਥੇਦਾਰ ਕੁਲਵੰਤ ਸਿੰਘ ਮੰਨਣ ਤੇ ਹੋਰਨਾਂ ਨੂੰ ਸਨਮਾਨਿਤ ਕੀਤੇ ਜਾਣ ਦਾ ਦ੍ਰਿਸ਼। ਤਸਵੀਰਾਂ. ਵਾਲੀਆ

ਨੰਗਲ ਖੇੜਾ ਵਿਖੇ ਗੁਰਮਤਿ ਸਮਾਗਮ ਕਰਵਾਇਆ

ਪੁਜ਼ੀਸ਼ਨਾਂ ਹਾਸਿਲ ਕਰਨ ਵਾਲੇ ਬੱਚਿਆਂ ਨੂੰ ਕੀਤਾ ਸਨਮਾਨਿਤ

ਫਗਵਾੜਾ, 8 ਦਸੰਬਰ (ਅਸ਼ੋਕ ਕੁਮਾਰ ਵਾਲੀਆ)-ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਤਾ ਗੱਦੀ ਤੇ ਸੰਤ ਬਾਬਾ ਪਰਮਜੀਤ ਸਿੰਘ ਮਾਹਿਲਪੁਰ ਬੁੰਗੇ ਵਾਲਿਆਂ ਦੀ ਪਵਿੱਤਰ ਯਾਦ ਨੂੰ ਸਮਰਪਿਤ ਸਾਲਾਨਾ ਗੁਰਮਤਿ ਸਮਾਗਮ ਪਿੰਡ ਨੰਗਲ ਖੇੜਾ ਫਗਵਾੜਾ ਵਿਖੇ ਮਾਤਾ ਜਸਪ੍ਰੀਤ ਕੌਰ ਮਾਹਿਲਪੁਰ ਬੁੰਗੇ ਵਾਲੇ, ਸੁਆਮੀ ਬਾਬਾ ਹਰਨਾਮ ਸਿੰਘ ਮਾਹਿਲਪੁਰ ਵਾਲਿਆਂ ਦੀ ਦੇਖ ਰੇਖ ਹੇਠ ਕਰਵਾਇਆ ਗਿਆ। ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪੈਣ ਉਪਰੰਤ ਸਜੇ ਦੀਵਾਨਾ ਵਿਚ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨ ਸੁਲਤਾਨ ਸਿੰਘ ਨੇ ਆਖਿਆ ਮੈਨੂੰ ਇਸ ਸਮਾਗਮ ਵਿਚ ਪਹਿਲੀ ਵਾਰ ਆਉਣ ਦਾ ਮੌਕਾ ਮਿਲਿਆ ਤੇ ਮੰਨ ਬਹੁਤ ਖ਼ੁਸ਼ ਹੋਇਆ ਕਿ ਪ੍ਰਬੰਧਕ ਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਵਿਚ ਬਹੁਤ ਵੱਡਾ ਯੋਗਦਾਨ ਪਾ ਰਹੇ ਹਨ ਤੇ ਸਕੂਲਾਂ ਵਿਚ ਪੜ੍ਹ ਰਹੇ ਵਿਦਿਆਰਥੀਆਂ ਨੂੰ ਇਸ ਵੱਲ ਜੋੜਨ ਦਾ ਬਹੁਤ ਵੱਡਾ ਉਪਰਾਲਾ ਕਰ ਰਹੇ ਹਨ। ਇਸ ਮੌਕੇ ਸੰਤ ਪ੍ਰੀਤਮ ਸਿੰਘ ਡੁਮੇਲੀ, ਸੰਤ ਪਰਮਿੰਦਰ ਸਿੰਘ ਪਰਮੇਸ਼ਰ ਭੋਗਪੁਰ, ਸੰਤ ਗੁਰਚਰਨ ਸਿੰਘ ਪੰਡਵਾ, ਸੰਤ ਜਨਕ ਸਿੰਘ ਜੱਬੜ, ਸੰਤ ਟਹਿਲ ਨਾਥ ਪੰਡਵਾ, ਬੀਬੀ ਜਸਪ੍ਰੀਤ ਕੌਰ ਮਾਹਿਲਪੁਰ ਵਾਲਿਆਂ ਨੇ ਵੀ ਆਪਣੇ ਪ੍ਰਵਚਨਾਂ ਰਾਹੀ ਸੰਗਤਾਂ ਨੂੰ ਗੁਰੂ ਵਾਲੇ ਬਣਨ ਦੀ ਪ੍ਰੇਰਨਾ ਦਿੱਤੀ ਤੇ ਆਖਿਆ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਮੰਨਣ ਵਾਲਾ ਹਮੇਸ਼ਾ ਹੀ ਚੜ੍ਹਦੀ ਕਲਾ ਵਿਚ ਰਹਿੰਦਾ ਹੈ।

ਸਮਾਗਮ ਵਿਚ ਹਾਜ਼ਰ ਸੰਗਤਾਂ। ਤਸਵੀਰ. ਵਾਲੀਆ

ਸਮਾਗਮ ਦੇ ਆਰੰਭ ਵਿਚ ਭਾਈ ਜਰਨੈਲ ਸਿੰਘ ਕੁਹਾੜਕਾ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਕਵੀਸ਼ਰ ਸਿਮਰਨਜੀਤ ਸਿੰਘ ਪਰਵਾਨਾ, ਭਾਈ ਗੁਰਦੀਪ ਸਿੰਘ ਤਰਨਤਾਰਨ, ਕਵੀਸ਼ਰ ਗੁਰਜੀਤ ਸਿੰਘ ਭੱਠਲ ਆਦਿ ਜਥਿਆਂ ਨੇ ਕਥਾ ਕੀਰਤਨ ਅਤੇ ਢਾਡੀ ਵਾਰਾਂ ਰਾਹੀ ਸੰਗਤਾਂ ਨੂੰ ਗੁਰਇਤਿਹਾਸ ਸਰਵਣ ਕਰਵਾਇਆ। ਇਸ ਮੌਕੇ ਹੋਰ ਵੀ ਜਥਿਆਂ ਨੇ ਹਾਜ਼ਰੀ ਭਰੀ। ਇਸ ਮੌਕੇ ਦਸਤਾਰ ਮੁਕਾਬਲੇ ਅਤੇ ਬੱਚਿਆ ਦੇ ਗੁਰਬਾਣੀ, ਕੀਰਤਨ ਅਤੇ ਪ੍ਰਸ਼ਨ ਉੱਤਰ ਮੁਕਾਬਲੇ ਵੀ ਕਰਵਾਏ ਗਏ ਤੇ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਬੱਚਿਆਂ ਨੂੰ ਮਾਤਾ ਜਸਪ੍ਰੀਤ ਕੌਰ ਮਾਹਿਲਪੁਰ ਬੁੰਗੇ ਵਾਲਿਆਂ ਵਲੋਂ ਸਨਮਾਨਿਤ ਵੀ ਕੀਤਾ ਗਿਆ। ਅੰਤ ਵਿਚ ਬਾਬਾ ਫ਼ਤਿਹ ਸਿੰਘ ਜੀ ਗੁਰਮਤਿ ਪ੍ਰਚਾਰ ਸਭਾ ਰਜਿ. ਦੇ ਪ੍ਰਧਾਨ ਰਜਿੰਦਰ ਸਿੰਘ ਖ਼ਾਲਸਾ ਨੇ ਪੁੱਜੇ ਹੋਏ ਸਭਨਾਂ ਦਾ ਧੰਨਵਾਦ ਕੀਤਾ ਅਤੇ ਸਹਿਯੋਗ ਦੇਣ ਵਾਲੇ ਸਭਨਾਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾ ਦੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਜਥੇਦਾਰ ਕੁਲਵੰਤ ਸਿੰਘ ਮੰਨਣ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਰਣਜੀਤ ਸਿੰਘ ਖੁਰਾਣਾ ਹਲਕਾ ਇੰਚਾਰਜ ਸ਼ਹਿਰੀ, ਰਜਿੰਦਰ ਸਿੰਘ ਚੰਦੀ ਹਲਕਾ ਇੰਚਾਰਜ ਦਿਹਾਤੀ, ਜਥੇਦਾਰ ਹਰਜਿੰਦਰ ਸਿੰਘ ਲੱਲੀ ਸਾਬਕਾ ਮੈਂਬਰ ਸ਼੍ਰੋਮਣੀ ਕਮੇਟੀ, ਗੁਰਦੀਪ ਸਿੰਘ ਖੇੜਾ ਦਿਹਾਤੀ ਪ੍ਰਧਾਨ, ਰਜਿੰਦਰ ਸਿੰਘ ਖ਼ਾਲਸਾ, ਜੀਤੀ ਖੇੜਾ, ਕਰਨ ਕਲੇਰ, ਜਤਿੰਦਰਪਾਲ ਸਿੰਘ ਪਲਾਹੀ, ਮੋਹਨ ਸਿੰਘ ਸਾਈਂ, ਸਤਵਿੰਦਰ ਸਿੰਘ ਘੁੰਮਣ, ਅਵਤਾਰ ਸਿੰਘ ਮੰਗੀ ਜਗਪਾਲਪੁਰ, ਜਥੇਦਾਰ ਮੋਹਨ ਸਿੰਘ ਜੱਬੜ, ਗਿਆਨ ਸਿੰਘ, ਹਰਬੰਸ ਸਿੰਘ, ਦਵਿੰਦਰ ਸਿੰਘ ਨੰਗਲ, ਕੁਲਵਿੰਦਰ ਸਿੰਘ ਨੰਗਲ, ਪਰਮਿੰਦਰ ਸਿੰਘ ਨੰਗਲ, ਮਨਜੀਤ ਸਿੰਘ, ਮਨਜੀਤ ਸਿੰਘ ਕਾਲੇ, ਸਰਪੰਚ ਬਚਿੱਤ ਸਿੰਘ, ਸਰਪੰਚ ਬਲਜੀਤ ਸਿੰਘ, ਸਰਪੰਚ ਗੁਰਬਖ਼ਸ਼ ਕੌਰ, ਮੈਨੇਜਰ ਨਰਿੰਦਰ ਸਿੰਘ, ਅੰਮ੍ਰਿਤਪਾਲ ਸਿੰਘ ਗ੍ਰੰਥੀ ਸਿੰਘ,ਸੁਖਵਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

ਵਿਸ਼ਵ ਹਿੰਦੂ ਪ੍ਰੀਸ਼ਦ ਤੇ ਬਜਰੰਗ ਦਲ ਵਲੋਂ ਲੋਕਾਂ ਨੂੰ ਨਸ਼ਿਆਂ ਪ੍ਰਤੀ ਜਾਗਰੂਕ ਕਰਨ ਲਈ ਕਰਵਾਈ ਗਈ ਮੈਰਾਥਨ

- ਮੈਰਾਥਨ ਮੌਕੇ ਨੀਰਜ ਦੌਨੇਰੀਆ, ਰਾਜਬੰਸ ਕੌਰ ਰਾਣਾ, ਗੁਰਪਾਲ ਸਿੰਘ ਇੰਡੀਅਨ, ਰਣਜੀਤ ਸਿੰਘ ਖੋਜੇਵਾਲ, ਸੱਜਣ ਸਿੰਘ ਚੀਮਾ ਤੇ ਹੋਰ ਸ਼ਖ਼ਸੀਅਤਾਂ ਨੇ ਕੀਤੀ ਸ਼ਿਰਕਤ
- ਮੈਰਾਥਨ ਵਿਚ ਪਹਿਲੇ ਸਥਾਨ 'ਤੇ ਨੌਜਵਾਨ ਸਾਵਣ ਨੂੰ 11 ਹਜ਼ਾਰ ਤੇ ਟਰਾਫ਼ੀ ਨਾਲ ਕੀਤਾ ਸਨਮਾਨਿਤ

ਕਪੂਰਥਲਾ, 8 ਦਸੰਬਰ (ਅਮਰਜੀਤ ਕੋਮਲ)-ਸਿਹਤਮੰਦ ਸਮਾਜ ਦੀ ਸਿਰਜਣਾ ਤੇ ਵਿਰਾਸਤੀ ਸ਼ਹਿਰ ਕਪੂਰਥਲਾ ਨੂੰ ਨਸ਼ਾ ਮੁਕਤ ਬਣਾਉਣ ਤੇ ਲੋਕਾਂ ਵਿਚ ਨਸ਼ਿਆਂ ਪ੍ਰਤੀ ਜਾਗਰੂਕਤਾ ਪੈਦਾ ਕਰਨ ਦੇ ਮਨੋਰਥ ਨਾਲ ਅੱਜ ਵਿਸ਼ਵ ਹਿੰਦੂ ਪ੍ਰੀਸ਼ਦ ਤੇ ਬਜਰੰਗ ਦਲ ਵਲੋਂ ਵਿਸ਼ਵ ਹਿੰਦੂ ਪ੍ਰੀਸ਼ਦ ਦੇ ਜਲੰਧਰ ਦੇ ਪ੍ਰਧਾਨ ਨਰੇਸ਼ ਪੰਡਿਤ, ਬਜਰੰਗ ਦਲ ਦੇ ਜ਼ਿਲ੍ਹਾ ਪ੍ਰਧਾਨ ਆਨੰਦ ਯਾਦਵ, ਵਿਸ਼ਵ ਹਿੰਦੂ ਪ੍ਰੀਸ਼ਦ ਦੇ ਜ਼ਿਲ੍ਹਾ ਪ੍ਰਧਾਨ ਜੀਵਨ ਪ੍ਰਕਾਸ਼, ਵਿਸ਼ਵ ਹਿੰਦੂ ਪ੍ਰੀਸ਼ਦ ਦੇ ਜ਼ਿਲ੍ਹਾ ਸਕੱਤਰ ਜੋਗਿੰਦਰ ਤਲਵਾੜ, ਬਜਰੰਗ ਦਲ ਦੇ ਜ਼ਿਲ੍ਹੇ ਦੇ ਮੀਤ ਪ੍ਰਧਾਨ ਚੰਦਨ ਸ਼ਰਮਾ ਤੇ ਸ਼ਹਿਰੀ ਪ੍ਰਧਾਨ ਮੋਹਿਤ ਜੱਸਲ ਦੀ ਅਗਵਾਈ ਵਿਚ ਗੋਬਿੰਦ ਗਊਧਾਮ ਗਊਸ਼ਾਲਾ ਕਾਂਜਲੀ ਰੋਡ ਤੋਂ 10 ਕਿੱਲੋ ਲੰਬੀ ਮੈਰਾਥਨ ਕੱਢੀ ਗਈ ਜੋ ਸ਼ਹਿਰ ਦੇ ਵੱਖ-ਵੱਖ ਹਿੱਸਿਆ ਤੋਂ ਹੁੰਦੀ ਹੋਈ ਮੁੜ ਗਊਸ਼ਾਲਾ ਵਿਖੇ ਪਹੁੰਚ ਕੇ ਸਮਾਪਤ ਹੋਈ। ਮੈਰਾਥਨ ਦਾ ਉਦਘਾਟਨ ਬਜਰੰਗ ਦਲ ਦੇ ਕੌਮੀ ਪ੍ਰਧਾਨ ਨੀਰਜ ਦੌਨੇਰੀਆ, ਕਪੂਰਥਲਾ ਹਲਕੇ ਦੀ ਸਾਬਕਾ ਵਿਧਾਇਕਾ ਰਾਜਬੰਸ ਕੌਰ ਰਾਣਾ ਤੇ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਗੁਰਪਾਲ ਸਿੰਘ ਇੰਡੀਅਨ ਨੇ ਕੀਤਾ। ਉਨ੍ਹਾਂ ਵਿਸ਼ਵ ਹਿੰਦੂ ਪ੍ਰੀਸ਼ਦ ਤੇ ਬਜਰੰਗ ਦਲ ਵਲੋਂ ਮੈਰਾਥਨ ਕੱਢਣ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਪੂਰਥਲਾ ਸ਼ਹਿਰ ਨੂੰ ਨਸ਼ਾ ਮੁਕਤ ਬਣਾਉਣ ਵਿਚ ਸਹਿਯੋਗ ਦੇਣ। ਬਜਰੰਗ ਦਲ ਦੇ ਕੌਮੀ ਪ੍ਰਧਾਨ ਨੀਰਜ ਦੌਨੇਰੀਆ ਨੇ ਸ਼ਹਿਰ ਵਾਸੀਆਂ ਵਲੋਂ ਮੈਰਾਥਨ ਸਫ਼ਲ ਬਣਾਉਣ ਲਈ ਦਿੱਤੇ ਗਏ ਸਹਿਯੋਗ ਲਈ ਉਨ੍ਹਾਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਅਸੀਂ ਤੇ ਸਾਡਾ ਕੋਈ ਵੀ ਵਰਕਰ ਕੇਵਲ ਰਾਜਨੀਤੀ ਲਈ ਕੰਮ ਨਹੀਂ ਕਰਦਾ ਸਗੋਂ ਅਸੀਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਸਮੇਂ ਸਮੇਂ 'ਤੇ ਵੱਖ-ਵੱਖ ਪ੍ਰੋਗਰਾਮ ਕਰਵਾਉਂਦੇ ਹਨ। ਮੈਰਾਥਨ ਤੋਂ ਪਹਿਲਾਂ, ਰਾਜਬੰਸ ਕੌਰ ਰਾਣਾ, ਗੁਰਪਾਲ ਸਿੰਘ ਇੰਡੀਅਨ, ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਖੋਜੇਵਾਲ, ਆਪ ਦੇ ਸੁਲਤਾਨਪੁਰ ਲੋਧੀ ਹਲਕੇ ਦੇ ਇੰਚਾਰਜ ਸੱਜਣ ਸਿੰਘ ਚੀਮਾ ਨੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦਾ ਸੰਦੇਸ਼ ਦਿੱਤਾ ਤੇ ਉਨ੍ਹਾਂ ਹੋਰ ਸਮਾਜ ਸੇਵੀ ਸੰਸਥਾਵਾਂ ਨੂੰ ਕਿਹਾ ਕਿ ਉਹ ਵਿਸ਼ਵ ਹਿੰਦੂ ਪ੍ਰੀਸ਼ਦ ਤੇ ਬਜਰੰਗ ਦਲ ਦੀ ਤਰ੍ਹਾਂ ਨਸ਼ਿਆਂ ਦੇ ਮਾਰੂ ਪ੍ਰਭਾਵ ਬਾਰੇ ਲੋਕਾਂ ਨੂੰ ਜਾਗਰੂਕ ਕਰਨ। ਵਿਸ਼ਵ ਹਿੰਦੂ ਪ੍ਰੀਸ਼ਦ ਦੇ ਆਗੂ ਨਰੇਸ਼ ਪੰਡਿਤ ਨੇ ਕਿਹਾ ਕਿ ਜਿਸ ਤਰ੍ਹਾਂ ਨਸ਼ਿਆਂ ਦਾ ਰੁਝਾਨ ਵੱਧ ਰਿਹਾ ਹੈ ਤੇ ਵੱਡੀ ਗਿਣਤੀ ਵਿਚ ਨੌਜਵਾਨ ਨਸ਼ਿਆਂ ਦੀ ਦਲ-ਦਲ ਵਿਚ ਫਸ ਰਹੇ ਹਨ ਜੋ ਬਹੁਤ ਹੀ ਚਿੰਤਾ ਦਾ ਵਿਸ਼ਾ ਹੈ ਤੇ ਇਸਨੂੰ ਗੰਭੀਰਤਾ ਨਾਲ ਲੈਂਦਿਆਂ ਉਨ੍ਹਾਂ ਨਸ਼ਿਆਂ ਵਿਰੁੱਧ ਲੋਕਾਂ ਵਿਚ ਜਾਗਰੂਕਤਾ ਪੈਦਾ ਕਰਨ ਲਈ ਮੈਰਾਥਨ ਕਰਵਾਉਣ ਦਾ ਉਪਰਾਲਾ ਕੀਤਾ ਹੈ। ਉਨ੍ਹਾਂ ਮੈਰਾਥਨ ਵਿਚ ਭਾਗ ਲੈਣ ਵਾਲੇ ਵੱਖ-ਵੱਖ ਰਾਜਸੀ, ਧਾਰਮਿਕ, ਸਮਾਜਿਕ ਜਥੇਬੰਦੀਆਂ ਦੇ ਆਗੂਆਂ ਤੇ ਨੌਜਵਾਨਾਂ, ਬੀਬੀਆਂ ਤੇ ਵਿਸ਼ਵ ਹਿੰਦੂ ਪ੍ਰੀਸ਼ਦ ਤੇ ਬਜਰੰਗ ਦਲ ਦੇ ਆਗੂਆਂ ਤੇ ਵਰਕਰਾਂ ਦਾ ਧੰਨਵਾਦ ਕੀਤਾ। ਮੈਰਾਥਨ ਵਿਚ ਸਾਵਣ ਨੇ ਪਹਿਲਾ, ਅੰਮ੍ਰਿਤਸਰ ਦੇ ਗਗਨਦੀਪ ਨੇ ਦੂਜਾ ਤੇ ਸਾਗਰ ਨੇ ਤੀਜਾ ਸਥਾਨ ਹਾਸਲ ਕੀਤਾ। ਬਜਰੰਗ ਦਲ ਦੇ ਆਗੂ ਨੀਰਜ ਦੌਨੇਰੀਆ, ਗੁਰਪਾਲ ਸਿੰਘ ਇੰਡੀਅਨ, ਨਰੇਸ਼ ਪੰਡਿਤ, ਜੀਵਨ ਪ੍ਰਕਾਸ਼ ਤੇ ਹੋਰ ਆਗੂਆਂ ਨੇ ਪਹਿਲੇ ਸਥਾਨ 'ਤੇ ਰਹੇ ਨੌਜਵਾਨ ਸਾਵਨ ਨੂੰ 11 ਹਜ਼ਾਰ ਰੁਪਏ ਦਾ ਨਕਦ ਇਨਾਮ ਤੇ ਟਰਾਫ਼ੀ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਭਾਜਪਾ ਦੇ ਸੂਬਾਈ ਆਗੂ ਉਮੇਸ਼ ਸ਼ਾਰਦਾ, ਮਨੂ ਧੀਰ, ਐਸ.ਐਸ.ਕੇ. ਦੇ ਐਮ.ਡੀ. ਨਿਤਿਨ ਖੋਸਲਾ, ਨਿਗਮ ਦੇ ਡਿਪਟੀ ਮੇਅਰ ਮਾਸਟਰ ਵਿਨੋਦ ਸੂਦ, ਸ਼ਿਵ ਸੈਨਾ ਊਧਵ ਬਾਲਾ ਸਾਹਿਬ ਠਾਕਰੇ ਦੇ ਸੂਬਾਈ ਬੁਲਾਰੇ ਓਮਕਾਰ ਕਾਲੀਆ, ਭਾਜਪਾ ਆਗੂ ਯੱਗਦਤ ਐਰੀ, ਸਨਾਤਨ ਧਰਮ ਸਭਾ ਦੇ ਪ੍ਰਧਾਨ ਸੁਭਾਸ਼ ਮਕਰੰਦੀ, ਰੋਸ਼ਨ ਲਾਲ ਸੱਭਰਵਾਲ, ਵਿਜੇ ਖੋਸਲਾ, ਅਸ਼ੋਕ ਗੁਪਤਾ, ਗੁਰਮੁਖ ਸਿੰਘ ਢੋਡ, ਆਪ ਦੇ ਆਗੂ ਵਿਕਾਸ ਮੋਮੀ, ਕਾਂਗਰਸ ਆਗੂ ਕਰਨ ਮਹਾਜਨ, ਜਤਿੰਦਰ ਛਾਬੜਾ, ਓਮ ਪ੍ਰਕਾਸ਼ ਕਟਾਰੀਆ, ਵਿਸ਼ਵ ਕਸ਼ਯਪ, ਰਾਜੂ ਸੂਦ, ਰਾਜ ਕੁਮਾਰ, ਪ੍ਰਦੀਪ ਜੈਨ, ਗੁਲਸ਼ਨ ਮਹਿਰਾ, ਅੰਕੁਸ਼ ਅਗਰਵਾਲ, ਸਾਹਿਲ ਗੁਪਤਾ, ਚੰਦਰਮੋਹਨ ਭੋਲਾ, ਹੈਪੀ ਛਾਬੜਾ, ਬਾਵਾ ਪੰਡਿਤ, ਹਰਮਿੰਦਰ ਸਿੰਘ ਅਰੋੜਾ, ਸਚਿਨ ਅਰੋੜਾ, ਸਵਾਮੀ ਰਘੂ ਨਾਥ, ਅਤੁੱਲ ਗਰਗ ਆਦਿ ਹਾਜ਼ਰ ਸਨ। ਮੈਰਾਥਨ ਦੀ ਸਮਾਪਤੀ 'ਤੇ ਗਊਸ਼ਾਲਾ ਵਿਖੇ ਸਮਾਗਮ ਕਰਵਾਇਆ ਗਿਆ ਜਿਸ ਵਿਚ ਨਸ਼ਿਆਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ।

ਮੈਰਾਥਨ ਵਿਚ ਪਹਿਲਾ ਸਥਾਨ ਹਾਸਿਲ ਕਰਨ ਵਾਲੇ ਨੌਜਵਾਨ ਸਾਵਣ ਨੂੰ 11 ਹਜ਼ਾਰ ਰੁਪਏ ਤੇ ਟਰਾਫ਼ੀ ਦੇ ਕੇ ਸਨਮਾਨਿਤ ਕਰਦੇ ਹੋਏ ਬਜਰੰਗ ਦਲ ਦੇ ਕੌਮੀ ਪ੍ਰਧਾਨ ਨੀਰਜ ਦੌਨੇਰੀਆ, ਟਰੱਸਟ ਦੇ ਚੇਅਰਮੈਨ ਗੁਰਪਾਲ ਸਿੰਘ ਇੰਡੀਅਨ ਤੇ ਮੈਰਾਥਨ ਦੇ ਪ੍ਰਬੰਧਕ ਨਰੇਸ਼ ਪੰਡਿਤ, ਜੀਵਨ ਪ੍ਰਕਾਸ਼ ਤੇ ਹੋਰ।

ਵਿਸ਼ਵ ਹਿੰਦੂ ਪ੍ਰੀਸ਼ਦ ਤੇ ਬਜਰੰਗ ਦਲ ਵਲੋਂ ਗਊਸ਼ਾਲਾ ਕਪੂਰਥਲਾ ਤੋਂ ਕੱਢੀ ਜਾਣ ਵਾਲੀ ਮੈਰਾਥਨ ਨੂੰ ਝੰਡੀ ਦੇ ਕੇ ਰਵਾਨਾ ਕਰਦੇ ਹੋਏ ਬਜਰੰਗ ਦਲ ਦੇ ਕੌਮੀ ਪ੍ਰਧਾਨ ਨੀਰਜ ਦੌਨੇਰੀਆ, ਰਣਜੀਤ ਸਿੰਘ ਖੋਜੇਵਾਲ, ਸੱਜਣ ਸਿੰਘ ਚੀਮਾ। ਤਸਵੀਰ ਵਿਚ ਰਾਜਬੰਸ ਕੌਰ ਰਾਣਾ, ਨਰੇਸ਼ ਪੰਡਿਤ ਤੇ ਹੋਰ ਆਗੂ। ਅਜੀਤ ਤਸਵੀਰਾਂ

ਧਾਰਮਿਕ ਅਸਥਾਨਾ ਦੀ ਯਾਤਰਾ ਦੌਰਾਨ ਗੁਰਦੁਆਰਾ ਸੁਲਤਾਨਪੁਰ ਲੋਧੀ ਵਿਖੇ ਪੁੱਜੀਆਂ ਸੰਗਤਾਂ। ਅਜੀਤ ਤਸਵੀਰ

ਵੋਕੇਸ਼ਨਲ ਸੈਂਟਰ ਦੀਆਂ ਸਿਖਿਆਰਥਣਾਂ ਨੂੰ ਕਰਵਾਈ ਇਤਿਹਾਸਕ ਗੁਰੂ ਘਰਾਂ ਦੀ ਯਾਤਰਾ

ਫਗਵਾੜਾ, 8 ਦਸੰਬਰ (ਹਰਜੋਤ ਸਿੰਘ ਚਾਨਾ)-ਸਰਬ ਨੌਜਵਾਨ ਸਭਾ (ਰਜਿ.) ਫਗਵਾੜਾ ਵਲੋਂ ਨੌਵੀਂ ਪਾਤਸ਼ਾਹੀ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਬਲੀਦਾਨ ਦਿਵਸ ਮੌਕੇ ਸੋਸਵਾ ਪੰਜਾਬ ਦੇ ਸਹਿਯੋਗ ਨਾਲ ਸਥਾਨਕ ਸਕੀਮ ਨੰਬਰ 3, ਹੁਸ਼ਿਆਰਪੁਰ ਰੋਡ ਫਗਵਾੜਾ ਵਿਖੇ ਚਲਾਏ ਜਾ ਰਹੇ ਵੋਕੇਸ਼ਨਲ ਸੈਂਟਰ ਦੀਆਂ ਸਿਖਿਆਰਥਣਾਂ ਨੂੰ ਸੁਲਤਾਨਪੁਰ ਲੋਧੀ, ਖਡੂਰ ਸਾਹਿਬ ਤੇ ਗੋਇੰਦਵਾਲ ਸਾਹਿਬ ਦੇ ਇਤਿਹਾਸਕ ਧਾਰਮਿਕ ਅਸਥਾਨਾ ਦੀ ਯਾਤਰਾ ਕਰਵਾਈ ਗਈ। ਜਿਸ 'ਚ ਜਸਬੀਰ ਸਿੰਘ ਚਾਨਾ ਤੇ ਪਰਿਵਾਰ ਦਾ ਵਿਸ਼ੇਸ਼ ਸਹਿਯੋਗ ਰਿਹਾ। ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਸਹਿਯੋਗ ਲਈ ਚਾਨਾ ਪਰਿਵਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਧਾਰਮਿਕ ਅਸਥਾਨਾ ਦੀ ਯਾਤਰਾ ਨਾਲ ਮਨ ਨੂੰ ਆਤਮਿਕ ਸ਼ਾਂਤੀ ਮਿਲਦੀ ਹੈ ਤੇ ਵਿਚਾਰ ਸ਼ੁੱਧ ਹੁੰਦੇ ਹਨ। ਉਨ੍ਹਾਂ ਕਿਹਾ ਕਿ ਸਿਖਿਆਰਥਣਾਂ ਨੂੰ ਇਸ ਯਾਤਰਾ ਦੇ ਨਾਲ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਇਤਿਹਾਸ ਬਾਰੇ ਜਾਣਨ ਦਾ ਮੌਕਾ ਵੀ ਮਿਲਿਆ ਹੈ। ਇਸ ਮੌਕੇ ਸਭਾ ਦੇ ਜਨਰਲ ਸਕੱਤਰ ਡਾ. ਵਿਜੇ ਕੁਮਾਰ, ਜਗਜੀਤ ਸੇਠ, ਨਰਿੰਦਰ ਸੈਣੀ, ਮੈਡਮ ਰਮਨਦੀਪ ਕੌਰ, ਮੈਡਮ ਆਸ਼ੂ ਬੱਗਾ, ਪ੍ਰਵਾਸੀ ਭਾਰਤੀ ਮਦਨ ਲਾਲ ਕੋਰੋਟਾਨੀਆ, ਗੁਰਸ਼ਰਨ ਬਾਸੀ, ਮਨਦੀਪ ਬਾਸੀ ਤੋਂ ਇਲਾਵਾ ਯਾਤਰਾ ਵਿਚ ਸ਼ਾਮਲ ਸੈਂਟਰ ਦੀਆਂ ਸਿਖਿਆਰਥਣਾਂ ਮੁਸਕਾਨ, ਅਮਨਜੋਤ, ਕੋਮਲ, ਪਰਵੀਨ ਕੌਰ, ਮੇਘਾ, ਉਪਿੰਦਰ ਕੌਰ, ਮਨੀਸ਼ਾ, ਮਮਤਾ, ਤਾਨੀਆ, ਮੀਨਾਕਸ਼ੀ, ਪ੍ਰਿਆ, ਅੰਜਲੀ, ਜੋਤੀ ਰਾਣੀ, ਪ੍ਰਿਅੰਕਾ, ਮਨਰਾਜ, ਜਯੋਤੀ, ਰਜਨੀ, ਭਾਵਨਾ, ਕਾਮਨੀ, ਕਮਲਜੀਤ, ਸੰਦੀਪ, ਗੁਰਪ੍ਰੀਤ, ਰਮਨਦੀਪ, ਹਰਪ੍ਰੀਤ, ਕਾਜਲ, ਰਾਧਿਕਾ, ਤਮੰਨਾ ਆਦਿ ਸ਼ਾਮਿਲ ਸਨ।

ਗੌਰਮਿੰਟ ਪੈਨਸ਼ਨਰ ਐਸੋਸੀਏਸ਼ਨ ਪੰਜਾਬ ਦ